# ਪੰਜਾਬ ਸਕੂਲ ਸਿੱਖਿਆ ਬੋਰਡ

ਵੱਲ

ਸਮੂਹ ਮੁੱਖ-ਅਧਿਆਪਕ/ਪ੍ਰਿੰਸੀਪਲ,
ਸਰਕਾਰੀ/ਰਿਕੋਗਨਾਈਜ਼ਡ ਮਿਡਲ/ਹਾਈ/ਸੀਨੀਅਰ ਸੈਕੰਡਰੀ ਸਕੂਲ,
ਪੰਜਾਬ।

ਨੰ: ਪਸਸਬ-ਰਜਿ.-2026/1152
ਮਿਤੀ: ਐਸ.ਏ.ਐਸ.ਨਗਰ: 15/7/2026

ਵਿਸ਼ਾ:-ਅੱਠਵੀਂ ਜਮਾਤ ਦੇ ਵਿੱਦਿਆਰਥੀਆਂ ਦਾ ਡਾਟਾ ਰਜਿਸਟ੍ਰੇਸ਼ਨ ਪੋਰਟਲ ਤੇ ਅਪਲੋਡ ਨਾ ਕਰਨ ਸਬੰਧੀ।

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪੰਜਾਬ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਅੱਠਵੀਂ ਜਮਾਤ ਵਿੱਚ ਪੜ੍ਹਦੇ ਵਿੱਦਿਆਰਥੀਆਂ ਦੀ ਰਜਿਸਟ੍ਰੇਸ਼ਨ ਪੋਰਟਲ ਤੇ ਰਜਿਸਟ੍ਰੇਸ਼ਨ ਕਰਵਾਉਣ ਦਾ ਕਾਰਜ ਚਲ ਰਿਹਾ ਹੈ ਪ੍ਰੰਤੂ ਧਿਆਨ ਵਿੱਚ ਆਇਆ ਹੈ ਕਿ ਆਪ ਦੇ ਸਕੂਲ ਵੱਲੋਂ ਅਜੇ ਤੱਕ ਵਿੱਦਿਆਰਥੀਆਂ ਦੀ ਰਜਿਸਟ੍ਰੇਸ਼ਨ ਨਾ ਕਰਕੇ ਇਸ ਕਾਰਜ ਨੂੰ ਨੇਪਰੇ ਨਹੀਂ ਚਾੜ੍ਹਿਆ ਗਿਆ।

ਤੁਹਾਡੇ ਵੱਲੋਂ ਅਜਿਹਾ ਨਾ ਕਰਨ ਕਾਰਨ ਵਿੱਦਿਆਰਥੀਆਂ ਦੇ ਭਵਿੱਖ ਤੇ ਅਸਰ ਪੈਂਦਾ ਹੈ। ਇਸ ਲਈ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਦੇ ਸਕੂਲ ਵਿੱਚ ਪੜ੍ਹਦੇ ਅੱਠਵੀਂ ਜਮਾਤ ਦੇ ਵਿੱਦਿਆਰਥੀਆਂ ਦੀ ਰਜਿਸਟ੍ਰੇਸ਼ਨ ਦਾ ਕਾਰਜ ਤੁਰੰਤ ਨੇਪਰੇ ਚਾੜ੍ਹਿਆ ਜਾਵੇ।

ਇਸ ਨੂੰ ਅਤਿ ਜ਼ਰੂਰੀ ਸਮਝਦੇ ਹੋਏ ਪਰਮ ਅਗੇਤ ਦਿੱਤੀ ਜਾਵੇ।

ਸੁਪਰਡੰਟ (ਰਜਿਸਟ੍ਰੇਸ਼ਨ)
ਵਾਸਤੇ ਸਕੱਤਰ,
ਪੰਜਾਬ ਸਕੂਲ ਸਿੱਖਿਆ ਬੋਰਡ।